# ਰਾਜ ਵਿਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ (ਐਸ.ਸੀ.ਈ.ਆਰ.ਟੀ.), ਪੰਜਾਬ
## ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਛੇਵੀਂ ਮੰਜ਼ਿਲ, ਬਲਾਕ-ਈ ਫੇਜ਼-8, ਐਸ.ਏ.ਐਸ.ਨਗਰ, ਪੰਜਾਬ, ਫੋਨ ਨੰ: 0172-2212221

### ਰਾਜ ਪੱਧਰੀ ਨੈਸਨਲ ਮੀਨਜ- ਕਮ-ਮੈਰਿਟ ਸਕਾਲਰਸਿਪ ਚੋਣ ਪ੍ਰੀਖਿਆ-2018, ਪੰਜਾਬ
(ਕੇਵਲ ਅੱਠਵੀਂ ਸ੍ਰੇਣੀ ਲਈ)

ਦਫ਼ਤਰ ਐਸ.ਸੀ.ਈ.ਆਰ.ਟੀ., ਪੰਜਾਬ ਵੱਲੋਂ ਨੈਸਨਲ ਮੀਨਜ-ਕਮ-ਮੈਰਿਟ ਸਕਾਲਰਸਿਪ (NMMS) ਪ੍ਰੀਖਿਆ ਸਾਲ 2019-20 ਲਈ ਮਿਤੀ 03-11-2019 (ਐਤਵਾਰ) ਨੂੰ ਲਈ ਜਾਣੀ ਹੈ, ਜਿਸ ਵਿੱਚ 8ਵੀਂ ਕਲਾਸ ਵਿੱਚ ਪੜ੍ਹਦੇ 2210 ਵਿਦਿਆਰਥੀ (MHRD, ਨਵੀਂ ਦਿੱਲੀ ਵੱਲੋਂ ਨਿਰਧਾਰਿਤ ਕੋਟਾ) ਦੀ ਚੋਣ ਕੀਤੀ ਜਾਣੀ ਹੈ। ਇਸ ਪ੍ਰੀਖਿਆ ਵਿੱਚ ਪੰਜਾਬ ਰਾਜ ਵਿੱਚ ਸਥਿਤ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਲੋਕਲ ਬਾਡੀਜ ਸਕੂਲਾਂ ਦੇ 8ਵੀਂ ਸ੍ਰੇਣੀ ਵਿੱਚ ਪੜ੍ਹਦੇ ਉਹ ਵਿਦਿਆਰਥੀ ਇਸ ਪ੍ਰੀਖਿਆ ਵਿੱਚ ਬੈਠ ਸਕਦੇ ਹਨ, ਜਿਨ੍ਹਾਂ ਨੇ 7ਵੀਂ ਸ੍ਰੇਣੀ ਦੀ ਸਾਲਾਨਾ ਪ੍ਰੀਖਿਆ ਵਿੱਚ 55% ਅੰਕ ਜਾਂ ਇਸ ਦੇ ਬਰਾਬਰ ਦਾ ਗਰੇਡ (ਜਨਰਲ ਕੈਟਾਗਿਰੀ ਦੇ ਵਿਦਿਆਰਥੀਆਂ ਲਈ) ਅਤੇ 50% ਅੰਕ ਜਾਂ ਇਸ ਦੇ ਬਰਾਬਰ ਦਾ ਗਰੇਡ (ਰਾਖਵੀਆਂ ਸ੍ਰੇਣੀਆਂ ਦੇ ਵਿਦਿਆਰਥੀਆਂ ਲਈ) ਪ੍ਰਾਪਤ ਕੀਤਾ ਹੋਵੇ। ਰਾਜ ਪੱਧਰ ਦੀ ਨੈਸਨਲ ਮੀਨਜ-ਕਮ-ਮੈਰਿਟ ਸਕਾਲਰਸਿਪ (NMMS) ਚੋਣ ਪ੍ਰੀਖਿਆ ਦੀ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਐਮ.ਐਚ.ਆਰ.ਡੀ. ਨਵੀਂ ਦਿੱਲੀ ਵੱਲੋਂ 12000/-ਰੁਪਏ ਦੀ ਰਾਸੀ ਪ੍ਰਤੀ ਸਾਲ ਦੀ ਦਰ ਨਾਲ 9ਵੀਂ ਸ੍ਰੇਣੀ ਤੋਂ ਸ਼ੁਰੂ ਹੋ ਕੇ 12ਵੀਂ ਸ੍ਰੇਣੀ ਤੱਕ ਵਜੀਫੇ ਦੇ ਤੌਰ ਤੇ ਮਿਲੇਗੀ। ਇਸ ਪ੍ਰੀਖਿਆ ਵਿੱਚ ਕੇਵਲ ਉਹੀ ਵਿਦਿਆਰਥੀ ਬੈਠ ਸਕਦੇ ਹਨ ,ਜਿਨ੍ਹਾਂ ਦੇ ਮਾਪਿਆਂ ਦੀ ਸਾਲਾਨਾ ਆਮਦਨ (ਸਾਰੇ ਵਸੀਲਿਆਂ ਤੋਂ) ਕੇਵਲ 1,50,000/- ਰੁਪਏ ਜਾਂ ਇਸ ਤੋਂ ਘੱਟ ਹੋਵੇ। (ਮਾਪਿਆਂ ਦੀ ਸਾਲਾਨਾ ਆਮਦਨ ਸਬੰਧੀ ਸਵੈ ਘੋਸ਼ਣਾ ਪੱਤਰ ਸਕੂਲ ਪ੍ਰਿੰਸੀਪਲ ਨੂੰ ਦਿੱਤਾ ਜਾਵੇ)

<u>ਪ੍ਰੀਖਿਆ, ਸਿਲੇਬਸ ਅਤੇ ਮਾਧਿਅਮ:-</u> ਲਗਾਤਾਰ ਤਿੰਨ ਘੰਟਿਆਂ ਦੀ ਪ੍ਰੀਖਿਆ ਦੇ ਦੋ ਭਾਗ ਹੋਣਗੇ।

(1) ਮਾਨਸਿਕ ਯੋਗਤਾ ਦਾ ਟੈਸਟ- 90 ਪ੍ਰਸਨ ਇੱਕ ਨੰਬਰ ਵਾਲੇ ( ਮਲਟੀਪਲ ਚੁਆਇਸ )

(2) ਵਿਸਿਆਂ ਦੀ ਯੋਗਤਾ ਦਾ ਟੈਸਟ -90 ਪ੍ਰਸਨ ਇੱਕ ਨੰਬਰ ਵਾਲੇ ( ਮਲਟੀਪਲ ਚੁਆਇਸ ) ਹੋਣਗੇ।

ਸਿਲੇਬਸ :- ਵਿਸਿਆਂ ਦੀ ਯੋਗਤਾ ਦੇ ਟੈਸਟ ਵਿੱਚ 7ਵੀਂ ਅਤੇ 8ਵੀਂ ਸ੍ਰੇਣੀ ਦੇ ਪੱਧਰ ਦੇ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ, ਗਣਿਤ, ਇਤਿਹਾਸ, ਭੂਗੋਲ ਅਤੇ ਨਾਗਰਿਕ ਸਾਸਤਰ ਵਿਸੇ ਹੋਣਗੇ।

ਪ੍ਰੀਖਿਆ ਦਾ ਮਾਧਿਅਮ ਅੰਗਰੇਜੀ/ਪੰਜਾਬੀ ਹੋਵੇਗਾ।

<u>ਦਾਖਲਾ ਫਾਰਮ:-</u> ਵਿਦਿਆਰਥੀਆਂ ਦੇ ਦਾਖਲਾ ਫਾਰਮ ਸਕੂਲਾਂ ਵੱਲੋਂ ਸਿੱਖਿਆ ਵਿਭਾਗ ਦੇ ਪੋਰਟਲ **<u>www.epunjabschool.gov.in</u>** ਉਤੇ ਸਕੂਲ login ਅਧੀਨ ਮਿਤੀ 06-09-2019 ਤੋਂ 10-10-2019 ਤੱਕ ਭਰੇ ਜਾਣਗੇ। ਮਿਤੀ 15-10-2019 ਤੋਂ ਸਕੂਲ, ਵਿਦਿਆਰਥੀਆਂ ਦੇ admit card download ਕਰ ਸਕਦਾ ਹੈ।

<u>ਰਾਖਵਾਂਕਰਨ:-</u> ਵੱਖ-ਵੱਖ ਸ੍ਰੇਣੀਆਂ ਸਬੰਧੀ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਅਨੁਸਾਰ ਵਿਚਾਰਿਆ ਜਾਵੇਗਾ। ਵਿਕਲਾਂਗ ਵਿਦਿਆਰਥੀਆਂ ਦੇ ਸਰਟਫਿਕੇਟਾਂ ਤੇ ਸਬੰਧਤ ਸਰਟੀਫਿਕੇਟ ਜਾਰੀ ਕਰਤਾ ਵੱਲੋਂ ਇਹ ਤਸਦੀਕ ਕੀਤਾ ਹੋਵੇ ਕਿ ਵਿਦਿਆਰਥੀ ਦੀ ਵਿਕਲਾਂਗਤਾ 40% ਜਾਂ ਇਸ ਤੋਂ ਵੱਧ ( PWD Disability Act ਤਹਿਤ) ਹੈ।

ਜ਼ਰੂਰੀ ਨੋਟ :

1. ਐਸ.ਸੀ./ਬੀ.ਸੀ./ਸਰੀਰਕ ਰੂਪ ਤੋਂ ਵਿਕਲਾਂਗ ਅਤੇ ਜਨਰਲ ਵਰਗ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਵਿਦਿਆਰਥੀ ਸਬੰਧਤ ਅਧਿਕਾਰੀਆਂ ਤੋਂ ਜਾਰੀ ਹੋਏ ਸਰਟੀਫਿਕੇਟ ਦੀ ਤਸਦੀਕਸ਼ੁਦਾ ਕਾਪੀ ਦਾਖਲਾ ਫਾਰਮ ਨਾਲ ਨੱਥੀ ਕਰਨਗੇ।
2. ਜਿਹੜੇ ਵਿਦਿਆਰਥੀ ਫਾਰਮ ਭਰਨ ਸਮੇਂ ਕੈਟਾਗਰੀ ਸਬੰਧੀ ਸਰਟੀਫਿਕੇਟ ਨਾਲ ਨੱਥੀ ਨਹੀਂ ਕਰਨਗੇ ਉਨ੍ਹਾਂ ਵਿਦਿਆਰਥੀਆਂ ਨੂੰ ਜਨਰਲ ਕੈਟਾਗਰੀ ਵਿੱਚ ਵਿਚਾਰਿਆ ਜਾਵੇਗਾ।
3. ਜਿਹੜੇ ਵਿਦਿਆਰਥੀ ਕੇਵਲ ਐਨਕ ਪਹਿਨਦੇ ਹਨ ਅਤੇ ਉਨ੍ਹਾਂ ਕੋਲ 40% ਜਾਂ ਇਸ ਤੋਂ ਵੱਧ (**PWD Act 2016** ਤਹਿਤ ) ਵਾਲਾ ਸਰਟੀਫਿਕੇਟ ਨਹੀਂ ਹੈ, ਉਹ ਆਪਣੇ ਆਪ ਨੂੰ **low vision category** ਵਿੱਚ ਸ਼ਾਮਲ ਨਾ ਕਰਨ।
4. ਇਸ ਪ੍ਰੀਖਿਆ ਦੀ ਕੋਈ ਦਾਖਲਾ ਫੀਸ ਨਹੀਂ ਹੈ।
5. ਇਸ ਪ੍ਰੀਖਿਆ ਵਿੱਚ ਕੋਈ **Negative marking** ਨਹੀਂ ਹੈ।
6. ਦਾਖਲਾ ਫਾਰਮ/ ਐਡਮਿਟ ਕਾਰਡ ਭਰਨ ਸਮੇਂ ਵਿਦਿਆਰਥੀ ਦੀ ਜੋ ਜਾਤੀ ਸਕੂਲ ਮੁੱਖੀ ਵੱਲੋਂ ਭਰੀ ਜਾਵੇਗੀ ਉਸ ਨੂੰ ਹੀ ਸਹੀ ਮੰਨਿਆ ਜਾਵੇਗਾ।
7. ਜਾਤੀ ਸਬੰਧੀ ਅਤੇ ਵਿਕਲਾਂਗਤਾ ਸਬੰਧੀ ਸਰਟੀਫਿਕੇਟ ਸਕੂਲ ਮੁਖੀ ਦੁਆਰਾ ਵੈਰੀਫਾਈ ਕੀਤਾ ਜਾਵੇਗਾ।

ਡਾਇਰੈਕਟਰ,
ਰਾਜ ਵਿਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,
ਪੰਜਾਬ